ਉਦਕ ਸਮੁੰਦ ਸਲਲ ਕੀ ਸਾਖਿਆ ਨਦੀ ਤਰੰਗ ਸਮਾਵਹਿਗੇ ॥ ਸੁੰਨਹਿ ਸੁੰਨੁ ਮਿਲਿਆ ਸਮਦਰਸੀ ਪਵਨ ਰੂਪ ਹੋਇ ਜਾਵਹਿਗੇ ॥੧॥ ਬਹੁਰਿ ਹਮ ਕਾਹੇ ਆਵਹਿਗੇ ॥ ਆਵਨ ਜਾਨਾ ਹੁਕਮੁ ਤਿਸੈ ਕਾ ਹੁਕਮੈ ਬੁਝਿ ਸਮਾਵਹਿਗੇ ॥੧॥ ਰਹਾਉ ॥ ਜਬ ਚੂਕੈ ਪੰਚ ਧਾਤੁ ਕੀ ਰਚਨਾ ਐਸੇ ਭਰਮੁ ਚੁਕਾਵਹਿਗੇ ॥ ਦਰਸਨੁ ਛੋਡਿ ਭਏ ਸਮਦਰਸੀ ਏਕੋ ਨਾਮੁ ਧਿਆਵਹਿਗੇ ॥੨॥ ਜਿਤ ਹਮ ਲਾਏ ਤਿਤ ਹੀ ਲਾਗੇ ਤੈਸੇ ਕਰਮ ਕਮਾਵਹਿਗੇ ॥ ਹਰਿ ਜੀ ਕ੍ਰਿਪਾ ਕਰੇ ਜਉ ਅਪਨੀ ਤੌ ਗੁਰ ਕੇ ਸਬਦਿ ਸਮਾਵਹਿਗੇ ॥੩॥ ਜੀਵਤ ਮਰਹੁ ਮਰਹੁ ਫੁਨਿ ਜੀਵਹੁ ਪੁਨਰਪਿ ਜਨਮੁ ਨ ਹੋਈ ॥ ਕਹੁ ਕਬੀਰ ਜੋ ਨਾਮਿ ਸਮਾਨੇ ਸੁੰਨ ਰਹਿਆ ਲਿਵ ਸੋਈ ॥੪॥੪॥ {ਪੰਨਾ 1103}

ਨੋਟ:- ਹਰੇਕ ਤੁਕ ਦੇ ਅਖ਼ੀਰ ਉੱਤੇ ਅੱਖਰ 'ਗੇ' ਨੂੰ ਪਦ-ਪੂਰਤੀ ਲਈ ਹੀ ਸਮਝਣਾ, ਕਿਸੇ ਭਵਿੱਖਤ ਸਮੇ ਦੀ ਗੱਲ ਨਹੀਂ ਕਰ ਰਹੇ। ਨਾਮ ਸਿਮਰਨ ਨਾਲ ਜੋ ਹਾਲਤ ਬੰਦਗੀ ਵਾਲੇ ਦੀ ਬਣਦੀ ਹੈ, ਉਸ ਦਾ ਜ਼ਿਕਰ ਹੈ। ਸਿਮਰਨ ਨੇ ਹੁਣੇ ਹੀ, ਐਸ ਵੇਲੇ ਹੀ, ਇਸੇ ਜੀਵਨ ਵਿਚ ਹੀ ਤਬਦੀਲੀ ਲਿਆਉਣੀ ਹੈ।

ਪਦਅਰਥ:- ਉਦਕ—ਪਾਣੀ। ਸਲਲ—ਪਾਣੀ। ਸਾਖਿਆ—ਤਰ੍ਹਾਂ, ਵਾਂਗ। ਤਰੰਗ—ਲਹਿਰਾਂ। ਸਮਾਵਹਿਗੇ—ਅਸੀਂ ਸਮਾ ਗਏ ਹਾਂ, ਮੈਂ ਲੀਨ ਹੋ ਗਿਆ ਹਾਂ। ਸੁੰਨਹਿ—ਸੁੰਨ ਵਿਚ, ਅਫੁਰ ਪ੍ਰਭੂ ਵਿਚ। ਸੁੰਨੁ—ਅਫੁਰ ਹੋਇਆ ਆਤਮਾ। ਮਿਲਿਆ—ਮਿਲ ਗਿਆ ਹੈ। ਸਮ—ਸਮਾਨ, ਬਰਾਬਰ। ਪਵਨ ਰੂਪ—ਹਵਾ ਵਾਂਗ। ਪਵਨ ਰੂਪ ਹੋਇ ਜਾਵਹਿਗੇ—ਅਸੀਂ ਹਵਾ ਵਾਂਗ ਹੋ ਗਏ ਹਾਂ, ਮੈਂ ਹਵਾ ਵਾਂਗ ਹੋ ਗਿਆ ਹਾਂ, ਜਿਵੇਂ ਹਵਾ ਹਵਾ ਵਿਚ ਮਿਲ ਜਾਂਦੀ ਹੈ ਤਿਵੇਂ ਮੈਂ ਭੀ।1।

ਬਹੁਰਿ—ਮੁੜ, ਫੇਰ। ਹਮ—ਮੈਂ, ਅਸਾਂ। ਬੁਝਿ—ਸਮਝ ਕੇ।1। ਰਹਾਉ।

ਜਬ—ਹੁਣ ਜਦੋਂ। ਚੂਕੈ—ਮੁੱਕ ਗਈ ਹੈ। ਪੰਚ ਧਾਤੁ ਕੀ ਰਚਨਾ—ਪੰਜ-ਤੱਤੀ ਸਰੀਰ ਦੀ ਖੇਡ, ਪੰਜ-ਤੱਤੀ ਸਰੀਰ ਦਾ ਮੋਹ, ਦੇਹ-ਅੱਭਿਆਸ, ਸਰੀਰ ਦੇ ਦੁਖ-ਸੁਖ ਦੀ ਸੁਰਤ। ਐਸੇ—ਇਸ ਤਰ੍ਹਾਂ। ਚੁਕਾਵਹਿਗੇ—ਮੈਂ ਮੁਕਾ ਦਿੱਤਾ ਹੈ। ਦਰਸਨੁ—ਭੇਖ, ਕਿਸੇ ਭੇਖ ਦੀ ਉੱਚਤਾ ਦਾ ਖ਼ਿਆਲ। ਧਿਆਵਹਿਗੇ—ਮੈਂ ਸਿਮਰਦਾ ਹਾਂ।2।

ਜਿਤੁ—ਜਿਸ ਪਾਸੇ। ਹਮ—ਸਾਨੂੰ, ਮੈਨੂੰ। ਲਾਗੇ—ਮੈਂ ਲੱਗਾ ਹੋਇਆ ਹਾਂ। ਕਮਾਵਹਿਗੇ—ਮੈਂ ਕਮਾ ਰਿਹਾ ਹਾਂ। ਸਮਾਵਹਿਗੇ—ਮੈਂ ਸਮਾ ਰਿਹਾ ਹਾਂ।3।

ਜੀਵਤ—ਜਿਉਂਦੇ ਹੀ, ਦੁਨੀਆ ਵਿਚ ਰਹਿੰਦੇ ਹੋਏ ਹੀ। ਮਰਹੁ—ਵਿਸ਼ਿਆਂ ਵਲੋਂ ਮਰ ਜਾਉ। ਫੁਨਿ—ਮੁੜ, ਆਤਮਕ ਜੀਵਨ ਵਾਲੇ ਪਾਸੇ। ਪੁਨਰਪਿ {ਪੁਨਹ-ਅਪਿ} ਫਿਰ ਭੀ, ਫਿਰ ਕਦੇ। ਨਾਮਿ—ਨਾਮ ਵਿਚ। ਸੁੰਨ—ਅਫੁਰ ਪ੍ਰਭੂ। ਸੋਈ—ਉਹੀ ਮਨੁੱਖ।4।

ਅਰਥ:- ਮੈਂ ਫਿਰ ਕਦੇ (ਜਨਮ ਮਰਨ ਦੇ ਗੇੜ ਵਿਚ) ਨਹੀਂ ਆਵਾਂਗਾ। ਇਹ ਜਨਮ ਮਰਨ ਦਾ ਗੇੜ ਪ੍ਰਭੂ ਦੀ ਰਜ਼ਾ (ਅਨੁਸਾਰ) ਹੀ ਹੈ, ਮੈਂ ਉਸ ਰਜ਼ਾ ਨੂੰ ਸਮਝ ਕੇ (ਰਜ਼ਾ ਵਿਚ) ਲੀਨ ਹੋ ਗਿਆ ਹਾਂ।1। ਰਹਾਉ।

ਜਿਵੇਂ ਪਾਣੀ ਸਮੁੰਦਰ ਦੇ ਪਾਣੀ ਵਿਚ ਮਿਲ ਕੇ ਇਕ-ਰੂਪ ਹੋ ਜਾਂਦਾ ਹੈ, ਜਿਵੇਂ ਨਦੀ ਦੇ ਪਾਣੀ ਦੀਆਂ ਲਹਿਰਾਂ ਨਦੀ ਦੇ ਪਾਣੀ ਵਿਚ ਲੀਨ ਹੋ ਜਾਂਦੀਆਂ ਹਨ, ਜਿਵੇਂ ਹਵਾ ਹਵਾ ਵਿਚ ਮਿਲ ਜਾਂਦੀ ਹੈ, ਤਿਵੇਂ ਵਾਸ਼ਨਾ-ਰਹਿਤ ਹੋਇਆ ਮੇਰਾ ਮਨ ਅਫੁਰ ਪ੍ਰਭੂ ਵਿਚ ਮਿਲ ਗਿਆ ਹੈ, ਤੇ ਹੁਣ ਮੈਨੂੰ ਹਰ ਥਾਂ ਪ੍ਰਭੂ ਹੀ ਦਿੱਸ ਰਿਹਾ ਹੈ।1।

ਹੁਣ ਜਦੋਂ (ਪ੍ਰਭੂ ਵਿਚ ਲੀਨ ਹੋਣ ਕਰਕੇ) ਮੇਰਾ ਪੰਜ-ਤੱਤੀ ਸਰੀਰ ਦਾ ਮੋਹ ਮੁੱਕ ਗਿਆ ਹੈ, ਮੈਂ ਆਪਣਾ ਭੇਲੇਖਾ ਭੀ ਇਉਂ ਮੁਕਾ ਲਿਆ ਹੈ ਕਿ ਕਿਸੇ ਖ਼ਾਸ ਭੇਖ (ਦੀ ਮਹੱਤਤਾ ਦਾ ਖ਼ਿਆਲ) ਛੱਡ ਕੇ ਮੈਨੂੰ ਸਭਨਾਂ ਵਿਚ ਹੀ ਪਰਮਾਤਮਾ ਦਿੱਸਦਾ ਹੈ, ਮੈਂ ਇਕ ਪ੍ਰਭੂ ਦਾ ਨਾਮ ਹੀ ਸਿਮਰ ਰਿਹਾ ਹਾਂ।2।

(ਪਰ, ਇਹ ਪ੍ਰਭੂ ਦੀ ਆਪਣੀ ਹੀ ਮਿਹਰ ਹੈ) ਜਿਸ ਪਾਸੇ ਉਸ ਨੇ ਮੈਨੂੰ ਲਾਇਆ ਹੈ ਮੈਂ ਉਧਰ ਹੀ ਲੱਗ ਪਿਆ ਹਾਂ (ਜਿਹੋ ਜਿਹੇ ਕੰਮ ਉਹ ਮੈਥੋਂ ਕਰਾਉਂਦਾ ਹੈ) ਉਹੋ ਜਿਹੇ ਕੰਮ ਮੈਂ ਕਰ ਰਿਹਾ ਹਾਂ। ਜਦੋਂ ਭੀ (ਜਿਨ੍ਹਾਂ ਉੱਤੇ) ਪ੍ਰਭੂ ਜੀ ਆਪਣੀ ਮਿਹਰ ਕਰਦੇ ਹਨ, ਉਹ ਗੁਰੂ ਦੇ ਸ਼ਬਦ ਵਿਚ ਲੀਨ ਹੋ ਜਾਂਦੇ ਹਨ।3।

(ਹੇ ਭਾਈ!) ਗ੍ਰਿਹਸਤ ਵਿਚ ਰਹਿੰਦੇ ਹੋਏ ਹੀ (ਪਹਿਲਾਂ) ਵਿਕਾਰਾਂ ਵਲੋਂ ਮਰੋ। ਜਦੋਂ ਇਸ ਤਰ੍ਹਾਂ ਮਰੋਗੇ, ਤਾਂ ਫਿਰ ਆਤਮਕ ਜੀਵਨ ਵਾਲੇ ਪਾਸੇ ਜੀਊ ਪਵੋਗੇ। ਫਿਰ ਕਦੇ ਜਨਮ (ਮਰਨ ਦਾ ਗੇੜ) ਨਹੀਂ ਹੋਵੇਗਾ। ਹੇ ਕਬੀਰ! ਆਖ—ਜੋ ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ, ਉਹ ਅਫੁਰ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ।4। 4।

ਸ਼ਬਦ ਦਾ ਭਾਵ:- ਪ੍ਰਭੂ ਦੇ ਨਾਮ ਵਿਚ ਜੁੜਿਆਂ ਪ੍ਰਭੂ ਦੀ ਸਮਝ ਪੈਂਦੀ ਹੈ। ਰਜ਼ਾ ਵਿਚ ਤੁਰਿਆਂ ਪ੍ਰਭੂ ਨਾਲ ਇਉਂ ਇਕ-ਮਿਕ ਹੋ ਜਾਈਦਾ ਹੈ, ਜਿਵੇਂ ਨਦੀ ਦੀਆਂ ਲਹਿਰਾਂ ਨਦੀ ਦੇ ਪਾਣੀ ਨਾਲ, ਜਿਵੇਂ ਹਵਾ ਹਵਾ ਨਾਲ। ਫਿਰ ਜੰਮਣ ਮਰਨ ਦੇ ਗੇੜ ਦੀ ਕੋਈ ਸੰਭਾਵਨਾ ਰਹਿ ਹੀ ਨਹੀਂ ਜਾਂਦੀ।